# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 27-02-2025**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਮਹਾਕੁੰਭ ਨੂੰ ਏਕਤਾ ਦਾ ਮਹਾਯੱਗ ਕਰਾਰ ਦਿੱਤਾ -ਕਿਹਾ ਕਿ ਦੇਸ਼ ਨੂੰ ਆਪਣੀ ਵਿਰਾਸਤ "ਤੇ ਮਾਣ ਏ ਅਤੇ ਉਹ, ਨਵੀਂ ਊਰਜਾ ਨਾਲ ਅੱਗੇ ਵਧ ਰਿਹਾ ਏ।
- ਸੰਸਦ ਮੈਂਬਰ ਅਨੁਰਾਗ ਠਾਕੁਰ ਨੇ ਕਿਹਾ ਕਿ 'ਇਕ ਰਾਸ਼ਟਰ, ਇਕ ਚੋਣ' ਸਮੇਂ ਦੀ ਮੰਗ ਏ।
- ਪੰਜਾਬ ਦੇ ਖਣਨ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਕਿਹਾ-ਗੈਰ-ਕਾਨੂੰਨੀ ਮਾਈਨਿੰਗ ਕਿਸੇ ਵੀ ਕੀਮਤ ’ਤੇ ਬਰਦਾਸ਼ਤ ਨਹੀਂ ਕੀਤੀ ਜਾਵੇਗੀ -ਅਧਿਕਾਰੀਆਂ ਨੂੰ ਮਾਈਨਿੰਗ ਸਾਈਟਾਂ ’ਤੇ ਸਖ਼ਤ ਨਿਗਰਾਨੀ ਦੇ ਦਿੱਤੇ ਨਿਰਦੇਸ਼।

- ਪੰਜਾਬ ਵਿਜੀਲੈਂਸ ਬਿਊਰੋ ਨੇ ਬਠਿੰਡਾ ਨਗਰ ਨਿਗਮ ਦੇ ਕਾਰਜਕਾਰੀ ਇੰਜੀਨੀਅਰ ਖਿਲਾਫ ਆਮਦਨ  ਤੋਂ ਵੱਧ ਜਾਇਦਾਦ ਬਣਾਉਣ ਦੇ ਦੋਸ਼ਾਂ ਹੇਠ ਮਾਮਲਾ ਦਰਜ ਕੀਤਾ।
- ਮੌਸਮ ਵਿਭਾਗ ਨੇ ਉੱਤਰੀ ਪੰਜਾਬ ਅਤੇ ਹਰਿਆਣਾ ਦੇ ਕੁਝ ਹਿੱਸਿਆਂ 'ਚ ਮੀਂਹ ਬਾਰੇ ਯੈਲੋ ਅਲਰਟ ਜਾਰੀ ਕੀਤਾ।

---------------------------------------------------

ਪ੍ਰਧਾਨ ਮੰਤਰੀ ਨਰੇਂਦਰ  ਮੋਦੀ ਨੇ ਮਹਾਕੰਭ ਨੂੰ ਏਕਤਾ ਦਾ ਮਹਾਯੱਗ ਦੱਸਦਿਆਂ ਕਿਹਾ ਕਿ ਭਾਰਤ ਨੂੰ ਆਪਣੀ ਵਿਰਾਸਤ "ਤੇ ਮਾਣ ਏ  ਅਤੇ ਉਹ ਨਵੀਂ ਊਰਜਾ ਨਾਲ ਅੱਗੇ ਵਧ ਰਿਹਾ ਏ। ਪ੍ਰਯਾਗਰਾਜ ਮਹਾਕੁੰਭ ਦੀ ਸਫ਼ਲਤਾ ਦੀ ਸ਼ਲਾਘਾ ਕਰਦਿਆਂ ਪ੍ਰਧਾਨ ਮੰਤਰੀ ਨੇ ਕਿਹਾ ਕਿ ਇਹ ਆਧੁਨਿਕ ਪ੍ਰਬੰਧਨ ਪੇਸ਼ੇਵਰਾਂ ਅਤੇ ਨੀਤੀ ਮਾਹਰਾਂ ਲਈ ਅਧਿਐਨ ਦਾ ਵਿਸ਼ਾ ਏ। ਉਨ੍ਹਾਂ ਕਿਹਾ ਕਿ ਦੁਨੀਆ ਵਿੱਚ ਕਿਤੇ ਵੀ ਇਨੇ ਵੱਡੇ ਪੱਧਰ ਤੇ ਸਮਾਗਮ ਨਹੀਂ ਹੋਇਆ। ਇੱਕ ਬਲਾੱਗ ਪੋਸਟ ਵਿੱਚ, ਸ੍ਰੀ ਮੋਦੀ ਨੇ ਕਿਹਾ ਕਿ ਦੁਨੀਆ ਨੇ ਹੈਰਾਨੀ ਨਾਲ ਦੇਖਿਆ ਕਿ ਕਿਸ ਤਰਾਂ ਪ੍ਰਯਾਗਰਾਜ ਵਿੱਚ ਸੰਗਮ ਦੇ ਕਿਨਾਰੇ ਕਰੋੜਾਂ ਲੋਕ , ਕੋਈ ਰਸਮੀ ਸੱਦਾ ਨਾ ਮਿਲਣ

ਦੇ ਬਾਵਜੂਦ, ਇਕੱਠੇ ਹੋਏ। ਲੱਖਾਂ ਲੋਕ ਆਪਣੀ ਮਰਜ਼ੀ ਨਾਲ ਮਹਾਕੁੰਭ ਵਿੱਚ ਆਏ ਅਤੇ ਸੰਗਮ ਵਿੱਚ ਪਵਿੱਤਰ ਇਸ਼ਨਾਨ ਕੀਤਾ। ਪ੍ਰਧਾਨ ਮੰਤਰੀ ਨੇ ਕਿਹਾ ਕਿ ਔਰਤਾਂ, ਬਜ਼ੁਰਗਾਂ, ਦਿਵਿਆਂਗਾਂ ਸਮੇਤ ਹਰ ਕਿਸੇ ਨੇ ਸੰਗਮ ਤੱਕ ਪਹੁੰਚਣ ਦਾ ਰਸਤਾ ਲੱਭ ਲਿਆ ਏ।

**ਪੇਸ਼ ਏ ਇਕ ਰਿਪੋਰਟ** :

---------------------------------------------------------

ਸੰਸਦ ਮੈਂਬਰ ਅਨੁਰਾਗ ਠਾਕੁਰ ਨੇ ਕਿਹਾ ਏ ਕਿ ਲੋਕ ਸਭਾ ਅਤੇ ਵਿਧਾਨ ਸਭਾਵਾਂ ਲਈ, ਇੱਕੋ ਸਮੇਂ ਚੋਣਾਂ ਕਰਵਾਉਣ ਨਾਲ, ਨਾ ਸਿਰਫ਼ ਸਮੇਂ ਅਤੇ ਵਸੀਲਿਆਂ ਦੀ ਬਚਤ ਹੋਵੇਗੀ, ਸਗੋਂ ਪ੍ਰਸ਼ਾਸਨ ਦੀ ਕੁਸ਼ਲਤਾ ਵਿੱਚ ਵੀ ਵਾਧਾ ਹੋਵੇਗਾ ਅਤੇ ਆਰਥਿਕ ਸਥਿਰਤਾ ਨੂੰ ਉਤਸ਼ਾਹ ਮਿਲੇਗਾ। ਅੱਜ ਬਠਿੰਡਾ ’ਚ ਪੰਜਾਬ ਕੇਂਦਰੀ ਯੂਨੀਵਰਸਿਟੀ ਵਿਖੇ, 'ਇਕ ਰਾਸ਼ਟਰ, ਇਕ ਚੋਣ ਵਿਸ਼ੇ' 'ਤੇ ਵਿਸ਼ੇਸ਼ ਲੈਕਚਰ ਦਿੰਦਿਆਂ, ਸਾਬਕਾ ਕੈਬਨਿਟ ਮੰਤਰੀ ਨੇ ਕਿਹਾ ਕਿ ਆਜ਼ਾਦੀ ਤੋਂ ਬਾਅਦ ਦੇ ਯੁੱਗ ਵਿਚ, ਭਾਰਤ ਨੇ ਸ਼ੁਰੂ ਵਿਚ ਇਕ ਨਾਲੋ-ਨਾਲ ਹੋਣ ਵਾਲੀਆਂ ਚੋਣਾਂ ਨੂੰ ਅਪਣਾਇਆ ਸੀ। ਹਾਲਾਂਕਿ, ਇਸ ਪ੍ਰਣਾਲੀ ਵਿਚ ਲੋਕ ਸਭਾ ਅਤੇ ਕੁਝ ਵਿਧਾਨ ਸਭਾਵਾਂ ਦੀ

ਮਿਆਦ ਸਮੇਂ ਤੋਂ ਪਹਿਲਾਂ ਖਤਮ ਹੋਣ ਕਾਰਣ ਹੌਲੀ-ਹੌਲੀ ਵਿਘਨ ਪੈ ਗਿਆ।

**BYTE:**

ਓਹਨਾਂ ਕਿਹਾ ਕਿ ਇਸ ਪਹਿਲਕਦਮੀ ਦਾ ਉਦੇਸ਼, ਚੋਣ ਪ੍ਰਕਿਰਿਆ ਨੂੰ ਸੁਚਾਰੂ ਬਣਾਉਣਾ, ਚੋਣਾਂ ਨਾਲ ਜੁੜੀਆਂ ਰੁਕਾਵਟਾਂ ਨੂੰ ਘੱਟ ਕਰਨਾ, ਅਤੇ ਵਸੀਲਿਆਂ ਦੀ ਸਹੀ ਵਰਤੋਂ ਨੂੰ ਵਧਾਉਣ ਏ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਅਗਵਾਈ ਹੇਠ ਕੇਂਦਰ ਸਰਕਾਰ ਨੇ, ਦੇਸ਼ ਭਰ ਵਿੱਚ ਨਾਲੋ ਨਾਲ ਚੋਣਾਂ ਕਰਾਉਣ ਲਈ ਸੰਸਦ ਵਿੱਚ ਇੱਕ ਰਾਸ਼ਟਰ, ਇੱਕ ਚੋਣ ਬਿੱਲ ਪੇਸ਼ ਕੀਤਾ ਏ। ਸਦਨ 'ਚ ਚਰਚਾ ਤੋਂ ਬਾਅਦ ਬਿੱਲ ਨੂੰ ਸਾਂਝੀ ਸੰਸਦੀ ਕਮੇਟੀ ਕੋਲ ਭੇਜ ਦਿੱਤਾ ਗਿਆ ਏ। ਕਮੇਟੀ  ਦੇ ਮੈਂਬਰ ਹੋਣ ਦੇ ਨਾਤੇ, ਉਨ੍ਹਾਂ ਨੇ ਰਾਏ ਦਿੱਤੀ ਕਿ ਇਸ ਬਿੱਲ ਵਿੱਚ, ਨੀਤੀਆਂ ਨਾ ਬਣ ਸਕਣ ਨੂੰ ਰੋਕਣ, ਵਸੀਲਿਆਂ ਦੇ ਵਿਅਰਥ ਜਾਣ ਨੂੰ ਘੱਟ ਕਰਨ ਅਤੇ ਰਾਜ 'ਤੇ ਮਾਲੀ ਬੋਝ ਨੂੰ ਘਟਾ ਕੇ ਭਾਰਤ ਵਿੱਚ ਸ਼ਾਸਨ ਨੂੰ ਬਦਲਣ ਦੀ ਸਮਰੱਥਾ ਏ। ਯੂਨੀਵਰਸਿਟੀ ਦੇ ਵਾਈਸ-ਚਾਂਸਲਰ, ਪ੍ਰੋ. ਰਾਘਵੇਂਦਰ ਤਿਵਾਰੀ ਨੇ ਮੁੱਖ ਮਹਿਮਾਨ ,ਸ੍ਰੀ ਠਾਕੁਰ ਦਾ ਇਸ ਅਹਿਮ ਚੋਣ ਸੁਧਾਰ

ਬਾਰੇ, ਵਿਦਿਆਰਥੀਆਂ ਦੇ ਗਿਆਨ ਵਿਚ ਵਾਧਾ ਕਰਨ ਲਈ ਧੰਨਵਾਦ ਕੀਤਾ।

-----------------------------------------------------------

ਓਧਰ ਪਟਿਆਲਾ ਵਿੱਚ ਵੀ ਇਸੇ ਵਿਸ਼ੇ ‘ਤੇ ਇੱਕ ਸੈਮੀਨਾਰ ਨੂੰ ਸੰਬੋਧਨ ਕਰਦਿਆਂ BJP ਦੀ ਸੀਨੀਅਰ ਨੇਤਾ ਅਤੇ ਸਾਬਕਾ ਸੰਸਦ ਮੈਂਬਰ ਪ੍ਰਨੀਤ ਕੌਰ ਨੇ “ਇਕ ਰਾਸ਼ਟਰ, ਇਕ ਚੋਣ” ਦੇ ਫਾਇਦਿਆਂ ‘ਤੇ ਚਾਨਣ ਪਾਇਆ। ਉਨ੍ਹਾਂ ਕਿਹਾ ਕਿ ਘੱਟ ਸਮੇਂ ਵਿੱਚ ਵਾਰ-ਵਾਰ ਚੋਣਾਂ ਹੋਣ ਕਾਰਨ ਪ੍ਰਸ਼ਾਸਨ ਅਤੇ ਵਿਕਾਸ ਕਾਰਜ ਪ੍ਰਭਾਵਿਤ ਹੁੰਦੇ ਨੇ, ਕਿਉਂਕਿ ਸਰਕਾਰਾਂ ਲਗਾਤਾਰ ਚੋਣ ਪ੍ਰਕਿਰਿਆ ‘ਚ ਰਹਿੰਦੀਆਂ ਨੇ ਅਤੇ ਲੋਕ-ਭਲਾਈ ਦੇ ਕੰਮਾਂ ‘ਤੇ ਪੂਰਾ ਧਿਆਨ ਨਹੀਂ ਦੇ ਸਕਦੀਆਂ। ਇੱਕੋ ਸਮੇਂ ਚੋਣਾਂ ਕਰਵਾਉਣ ਨਾਲ ਨੀਤੀ ਕਾਰਜਾ ਨੂੰ ਬਿਹਤਰ ਬਣਾਉਣ, ਸਰਕਾਰੀ ਖ਼ਰਚੇ ਨੂੰ ਘਟਾਉਣ ਅਤੇ ਰਾਜਨੀਤਕ ਸਥਿਰਤਾ ਲਿਆਉਣ ਵਿੱਚ ਮਦਦ ਮਿਲੇਗੀ, ਜਿਸ ਨਾਲ ਪੂਰੇ ਦੇਸ਼ ਨੂੰ ਫਾਇਦਾ ਹੋਵੇਗਾ।

-----------------------------------------------------------

ਪੰਜਾਬ ਦੇ ਖਣਨ ਤੇ ਭੂ-ਵਿਗਿਆਨ, ਭੂਮੀ ਅਤੇ ਜਲ ਸੰਭਾਲ ਅਤੇ ਜਲ

ਸਰੋਤ ਮੰਤਰੀ ਬਰਿੰਦਰ ਕੁਮਾਰ ਗੋਇਲ  ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਗੈਰ-ਕਾਨੂੰਨੀ ਮਾਈਨਿੰਗ ਕਿਸੇ ਵੀ ਕੀਮਤ ’ਤੇ ਬਰਦਾਸ਼ਤ ਨਹੀਂ ਕੀਤੀ ਜਾਵੇਗੀ । ਇਸ ਲਈ ਉਨ੍ਹਾਂ ਨੇ ਅਧਿਕਾਰੀ ਗੈਰ-ਕਾਨੂੰਨੀ ਮਾਈਨਿੰਗ ਰੋਕਣ ਲਈ ਮਾਈਨਿੰਗ ਸਾਈਟਾਂ ’ਤੇ ਸਖ਼ਤ ਨਿਗਰਾਨੀ ਯਕੀਨੀ ਬਣਾਉਣ ਦੇ ਨਿਰਦੇਸ਼ ਦਿਤੇ ਨੇ । ਮਾਈਨਿੰਗ ਤੇ ਡਰੇਨੇਜ ਵਿਭਾਗ ਦੇ ਜਲੰਧਰ ਸਰਕਲ ਦੇ ਅਧਿਕਾਰੀਆਂ ਨਾਲ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਗੈਰ-ਕਾਨੂੰਨੀ ਮਾਈਨਿੰਗ ਖਿਲਾਫ਼ ਬਿਲਕੁਲ ਵੀ ਬਰਦਾਸ਼ਤ ਨਾ ਕਰਨ ਦੀ ਨੀਤੀ ਅਖ਼ਤਿਆਰ ਕੀਤੀ ਗਈ ਏ । ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਜੇਕਰ ਕਿਤੇ ਅਜਿਹਾ ਕੋਈ ਮਾਮਲਾ ਸਾਹਮਣੇ ਆਉਂਦਾ ਏ ਤਾਂ ਤੁਰੰਤ ਕਾਰਵਾਈ ਕਰਦਿਆਂ ਮੁਕਦਮਾ ਦਰਜ ਕੀਤਾ ਜਾਵੇ । ਗੈਰ ਕਾਨੂੰਨੀ ਮਾਈਨਿੰਗ ਨਾਲ ਸਖ਼ਤੀ ਨਾਲ ਨਜਿੱਠਣ ’ਤੇ ਜ਼ੋਰ ਦਿੰਦਿਆਂ ਸ਼੍ਰੀ ਗੋਇਲ ਨੇ ਅਧਿਕਾਰੀਆਂ ਨੂੰ ਆਪੋ-ਆਪਣੇ ਅਧਿਕਾਰ ਖੇਤਰ ਵਿੱਚ ਆਉਂਦੀਆਂ ਖੱਡਾਂ ਦਾ ਨਿਯਮਿਤ ਨਿਰੀਖਣ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਰਾਤ ਸਮੇਂ ਲਗਾਤਾਰ ਚੈਕਿੰਗ ਕੀਤੀ ਜਾਵੇ ਤਾਂ ਜੋ ਰਾਤ ਦੇ ਹਨੇਰੇ

ਵਿੱਚ ਗੈਰ-ਕਾਨੂੰਨੀ ਮਾਈਨਿੰਗ ਦੀ ਕਿਸੇ ਘਟਨਾ ਨੂੰ ਅੰਜਾਮ ਨਾ ਦਿੱਤਾ ਜਾ ਸਕੇ।

---------------------------------------------------------

ਪੰਜਾਬ ਸਰਕਾਰ ਵਲੋਂ ਨਸ਼ਿਆਂ ਖਿਲਾਫ ਕਾਰਵਾਈ ਜਾਰੀ ਰੱਖਦਿਆਂ, ਅੱਜ ਪਟਿਆਲਾ ਪੁਲਿਸ ਨੇ ਇਕ ਮਹਿਲਾ ਨਸ਼ਾ ਤਸਕਰ ਦੇ ਘਰ ਨੂੰ ਬੁਲਡੋਜ਼ਰ ਨਾਲ ਢਾਹ ਦਿੱਤਾ । ਪਟਿਆਲਾ ਪੁਲਿਸ ਮੁਖੀ ਡਾ. ਨਾਨਕ ਸਿੰਘ, ਜੋ ਮੌਕੇ ਤੇ ਪੁਲਿਸ ਬਲ ਨਾਲ ਮੌਜੂਦ ਸਨ, ਨੇ ਦੱਸਿਆ ਕਿ  ਇਹ ਮਹਿਲਾ ਤਸਕਰ ਬੀਤੇ ਕਾਫੀ ਸਾਲਾਂ ਤੋਂ ਨਸ਼ਿਆਂ ਦਾ ਕਾਰੋਬਾਰ ਕਰ ਰਹੀ ਏ ਅਤੇ ਉਸ ਖਿਲਾਫ ਨਸ਼ਿਆਂ ਨੂੰ ਰੋਕਣ ਬਾਰੇ ਐਕਟ ਅਧੀਨ 10 ਮਾਮਲੇ ਦਰਜ ਨੇ । ਇਸਨੂੰ ਪਹਿਲਾਂ  ਵੀ ਕਈ ਵਾਰ ਗਿਰਫ਼ਤਾਰ ਕੀਤਾ ਜਾ ਚੁਕਿਆ ਏ, ਪਰ ਫਿਲਹਾਲ ਇਹ ਫਰਾਰ ਏ ਅਤੇ ਪੁਲਿਸ ਕਾਰਵਾਈ ਕਰ ਰਹੀ ਏ ।  ਓਹਨਾ ਦੱਸਿਆ ਕੇ ਇਹ ਘਰ ਵੀ ਨਸ਼ਾ ਵੇਚ ਕੇ ਕਮਾਏ ਪੈਸੇ ਨਾਲ, ਗੈਰ ਕਾਨੂੰਨੀ ਢੰਗ ਨਾਲ ਨਾਜਾਇਜ਼ ਕਬਜ਼ਾ ਕਰਕੇ ਬਣਾਇਆ ਗਿਆ ਸੀ, ਜਿਸ ਨੂੰ ਢਾਹੁਣ ਦੇ ਪ੍ਰਸ਼ਾਂਸਨ ਵਲੋਂ ਹੁਕਮ ਮਿਲੇ ਸਨ ।

**BYTE:**

ਇਸਤੋਂ ਕੁਝ ਦਿਨ ਪਹਿਲਾਂ ਲੁਧਿਆਣਾ ਵਿਚ ਵੀ ਦੋ ਨਸ਼ਾ ਤਸਕਰਾਂ ਦੇ ਘਰਾਂ ਨੂੰ ਢਾਹਿਆ ਗਿਆ ਸੀ।

-------------------------------------------------------------

ਪੰਜਾਬ ਵਿਜੀਲੈਂਸ ਬਿਊਰੋ ਨੇ ਬਠਿੰਡਾ ਨਗਰ ਨਿਗਮ ਦੇ ਮਿਊਂਸਿਪਲ ਟਾਊਨ ਪਲਾਨਰ ਵਜੋਂ ਤਾਇਨਾਤ ਕਾਰਜਕਾਰੀ ਇੰਜੀਨੀਅਰ ਗੁਰਪ੍ਰੀਤ ਸਿੰਘ ਖਿਲਾਫ ਆਮਦਨ ਦੇ ਜਾਣੂ ਸਰੋਤਾਂ ਤੋਂ ਵੱਧ ਜਾਇਦਾਦ ਬਣਾਉਣ ਦੇ ਦੋਸ਼ਾਂ ਹੇਠ ਮਾਮਲਾ ਦਰਜ ਕੀਤਾ ਏ। ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਸੂਬੇ ਦੀ ਜਾਂਚ ਏਜੰਸੀ ਭ੍ਰਿਸ਼ਟਾਚਾਰ ਨੂੰ ਰੋਕਣ ਅਤੇ ਸਰਕਾਰੀ ਸੇਵਾਵਾਂ ਵਿੱਚ ਪਾਰਦਰਸ਼ਤਾ ਨੂੰ ਯਕੀਨੀ ਬਣਾਉਣ ਲਈ ਵਚਨਬੱਧ ਏ। ਇਸ ਮਾਮਲੇ ਦੀ ਡੂੰਘਾਈ ਨਾਲ ਕੀਤੀ ਜਾਂਚ ਦੌਰਾਨ ਇਹ ਪਾਇਆ ਗਿਆ ਕਿ ਇਸ ਅਧਿਕਾਰੀ ਨੇ ਆਪਣੀ ਸਰਕਾਰੀ ਨੌਕਰੀ ਦੌਰਾਨ, ਭ੍ਰਿਸ਼ਟ ਕਾਰਵਾਈਆਂ ਰਾਹੀਂ ਕਈ ਜਾਇਦਾਦਾਂ ਖਰੀਦੀਆਂ ਹੋਈਆਂ ਨੇ  ਅਤੇ ਵੱਖ-ਵੱਖ ਬੈਂਕਾਂ ਅਤੇ ਡਾਕਘਰਾਂ ਵਿੱਚ ਫਿਕਸਡ ਡਿਪਾਜ਼ਿਟ ਰਾਹੀਂ ਇਕ ਕਰੋੜ 83 ਲਖ ਰੁਪਏ ਤੋਂ ਵੱਧ ਦੀ ਰਾਸ਼ੀ ਜਮ੍ਹਾਂ

ਕੀਤੀ ਹੋਈ ਏ , ਜੋ ਕਿ ਉਸਦੀ ਆਮਦਨ ਦੇ ਜਾਣੂ ਸਰੋਤਾਂ ਨਾਲੋਂ 129 ਫ਼ੀਸਦ ਵੱਧ ਏ । ਵਿਜੀਲੈਂਸ ਬਿਊਰੋ ਨੇ ਥਾਣਾ ਬਠਿੰਡਾ ਰੇਂਜ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮੁਕੱਦਮਾ ਦਰਜ ਕਰ ਲਿਆ ਏ ਅਤੇ ਅਗਲੇਰੀ ਜਾਂਚ ਕੀਤੀ ਜਾ ਰਹੀ ਏ । ਇਸ ਮਾਮਲੇ ਦੇ ਸਬੰਧ ਵਿੱਚ ਮੁਲਜ਼ਮ ਦੇ ਘਰ ਦੀ ਤਲਾਸ਼ੀ ਲਈ ਗਈ ਅਤੇ ਉਸਨੂੰ ਗ੍ਰਿਫ਼ਤਾਰ ਕਰਨ ਲਈ ਵਿਸ਼ੇਸ਼ ਟੀਮਾਂ ਭੇਜੀਆਂ ਗਈਆਂ ਨੇ ।

---------------------------------------------------------

ਬਠਿੰਡਾ ਦੇ ਡਿਪਟੀ ਕਮਿਸ਼ਨਰ ਸ਼ੌਕਤ ਅਹਿਮਦ ਪਰੇ ਨੇ ਕਿਹਾ ਕਿ ਸੂਬਾ ਸਰਕਾਰ ਨਸ਼ਿਆਂ ਨੂੰ ਠੱਲ੍ਹ ਪਾਉਣ ਲਈ ਵਚਨਬੱਧ ਅਤੇ ਯਤਨਸ਼ੀਲ ਏ । ਸਿਵਲ ਹਸਪਤਾਲ ਅਤੇ 400 ਕਿੱਲੇ ਵਿਖੇ ਨਸ਼ਾ ਛੁਡਾਊ ਕੇਂਦਰ ਦਾ ਦੌਰਾ ਕਰਨ ਮੌਕੇ ਉਨ੍ਹਾਂ ਕਿਹਾ ਕਿ ਜ਼ਿਲ੍ਹੇ ਅੰਦਰ ਸਿਵਲ ਹਸਪਤਾਲ ਵਿਖੇ ਸਰਕਾਰੀ ਨਸ਼ਾ ਛੁੜਾਊ ਕੇਂਦਰ 'ਚ 50 ਬਿਸਤਰਿਆਂ ਦੀ ਸਮਰਥਾ ਵਧਾ ਕੇ 80 ਕੀਤੀ ਜਾਵੇਗੀ ਉਹਨਾਂ ਕਿਹਾ ਕਿ ਇਹਨਾਂ ਸੈਂਟਰਾਂ ਵਿੱਚ ਮੈਡੀਕਲ ਟੀਮਾਂ ਤੇ ਕੌਂਸਲਰਾਂ ਤੋਂ ਇਲਾਵਾ ਸਾਰੇ ਪ੍ਰਬੰਧ ਮੁਕੰਮਲ ਹਨ ਅਤੇ ਇੱਥੇ ਕਿਸੇ ਵੀ ਤਰ੍ਹਾਂ ਦੀ ਕੋਈ ਕਮੀ ਨਹੀਂ ਏ ।

ਉਹਨਾਂ ਜ਼ਿਲ੍ਹਾ ਵਾਸੀਆਂ ਨੂੰ ਪੁਰਜ਼ੋਰ ਅਪੀਲ ਕਰਦਿਆਂ ਕਿਹਾ ਕਿ ਉਹ, ਸਿਵਲ ਅਤੇ ਪੁਲਿਸ ਪ੍ਰਸ਼ਾਸਨ ਨੂੰ ਪੂਰਨ ਸਹਿਯੋਗ ਦੇਣ ਤਾਂ ਜੋ ਨਸ਼ਿਆਂ ਦੇ ਉੱਤੇ ਕਾਬੂ ਪਾਇਆ ਜਾ ਸਕੇ।

---------------------------------------------------------------

ਮੌਸਮ ਵਿਭਾਗ ਨੇ ਅਗਲੇ ਦੋ ਦਿਨਾਂ ਲਈ ਜੰਮੂ-ਕਸ਼ਮੀਰ ਅਤੇ ਹਿਮਾਚਲ ਪ੍ਰਦੇਸ਼ ਵਿੱਚ ਮੀਂਹ ਅਤੇ ਬਰਫਬਾਰੀ ਲਈ ਓਰੈਂਜ ਅਲਰਟ ਜਾਰੀ ਕੀਤਾ ਏ। ਜਲੰਧਰ, ਮੋਹਾਲੀ, ਮਾਨਸਾ ਅਤੇ ਹੁਸ਼ਿਆਰਪੁਰ ਸਮੇਤ ਪੰਜਾਬ ਦੇ ਵੱਖ -ਵੱਖ ਜ਼ਿਲਿਆਂ ਵਿਚ ਸਵੇਰ ਤੋਂ ਰੁਕ ਰੁਕ ਕਿ ਮੀਂਹ ਪੈ ਰਿਹਾ ਏ,ਹਵਾਵਾਂ ਵੀ ਵਗ ਰਹੀਆਂ ਨੇ ਤੇ ਕਈ ਥਾਈਂ ਬੱਦਲਵਾਈ ਬਣੀ ਹੋਈ ਏ। ਮੌਸਮ ਵਿਭਾਗ ਨੇ ਉਤਰੀ ਪੰਜਾਬ ਅਤੇ ਹਰਿਆਣਾ ਦੇ ਕੁਝ ਹਿੱਸਿਆਂ 'ਚ ਮੀਂਹ ਬਾਰੇ ਯੈਲੋ ਅਲਰਟ ਜਾਰੀ ਕੀਤਾ ਏ। ਆਕਾਸ਼ਵਾਣੀ ਨਾਲ ਗੱਲਬਾਤ ਕਰਦਿਆਂ  ਚੰਡੀਗੜ੍ਹ ਸਥਿਤ ਮੌਸਮ ਵਿਭਾਗ ਦੇ ਨਿਦੇਸ਼ਕ ਸੁਰਿੰਦਰ ਪਾਲ ਨੇ ਦਸਿਆ ।

---

## <u>ਆਖਿਰ 'ਚ ਖਾਸ ਖਬਰਾਂ ਇਕ ਵਾਰ ਫਿਰ ਤੋਂ</u>

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਮਹਾਕੁੰਭ ਨੂੰ ਏਕਤਾ ਦਾ ਮਹਾਯੱਗ ਕਰਾਰ ਦਿੱਤਾ -ਕਿਹਾ ਕਿ ਦੇਸ਼ ਨੂੰ ਆਪਣੀ ਵਿਰਾਸਤ "ਤੇ ਮਾਣ ਏ ਅਤੇ ਉਹ, ਨਵੀਂ ਊਰਜਾ ਨਾਲ ਅੱਗੇ ਵਧ ਰਿਹਾ ਏ।
- ਸੰਸਦ ਮੈਂਬਰ ਅਨੁਰਾਗ ਠਾਕੁਰ ਨੇ ਕਿਹਾ ਕਿ 'ਇਕ ਰਾਸ਼ਟਰ, ਇਕ ਚੋਣ' ਸਮੇਂ ਦੀ ਮੰਗ ਏ।
- ਪੰਜਾਬ ਦੇ ਖਣਨ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਕਿਹਾ-ਗੈਰ-ਕਾਨੂੰਨੀ ਮਾਈਨਿੰਗ ਕਿਸੇ ਵੀ ਕੀਮਤ ’ਤੇ ਬਰਦਾਸ਼ਤ ਨਹੀਂ ਕੀਤੀ ਜਾਵੇਗੀ -ਅਧਿਕਾਰੀਆਂ ਨੂੰ ਮਾਈਨਿੰਗ ਸਾਈਟਾਂ ’ਤੇ ਸਖ਼ਤ ਨਿਗਰਾਨੀ ਦੇ ਦਿੱਤੇ ਨਿਰਦੇਸ਼।
- ਪੰਜਾਬ ਵਿਜੀਲੈਂਸ ਬਿਊਰੋ ਨੇ ਬਠਿੰਡਾ ਨਗਰ ਨਿਗਮ ਦੇ ਕਾਰਜਕਾਰੀ ਇੰਜੀਨੀਅਰ ਖਿਲਾਫ ਆਮਦਨ  ਤੋਂ ਵੱਧ ਜਾਇਦਾਦ ਬਣਾਉਣ ਦੇ ਦੋਸ਼ਾਂ ਹੇਠ ਮਾਮਲਾ ਦਰਜ ਕੀਤਾ।

- ਮੌਸਮ ਵਿਭਾਗ ਨੇ ਉੱਤਰੀ ਪੰਜਾਬ ਅਤੇ ਹਰਿਆਣਾ ਦੇ ਕੁਝ ਹਿੱਸਿਆਂ 'ਚ ਮੀਂਹ ਬਾਰੇ ਯੈਲੋ ਅਲਰਟ ਜਾਰੀ ਕੀਤਾ।